ਬਸੰਤੁ ਕਬੀਰ ਜੀਉ ੴ ਸਤਿਗੁਰ ਪ੍ਰਸਾਦਿ ॥ ਸੁਰਹ ਕੀ ਜੈਸੀ ਤੇਰੀ ਚਾਲ ॥ ਤੇਰੀ ਪੂੰਛਟ ਊਪਰਿ ਝਮਕ ਬਾਲ ॥੧॥ ਇਸ ਘਰ ਮਹਿ ਹੈ ਸੁ ਤੂ ਢੂੰਢਿ ਖਾਹਿ ॥ ਅਉਰ ਕਿਸ ਹੀ ਕੇ ਤੂ ਮਤਿ ਹੀ ਜਾਹਿ ॥੧॥ ਰਹਾਉ ॥ ਚਾਕੀ ਚਾਟਹਿ ਚੂਨੁ ਖਾਹਿ ॥ ਚਾਕੀ ਕਾ ਚੀਥਰਾ ਕਹਾਂ ਲੈ ਜਾਹਿ ॥ ੨॥ ਛੀਕੇ ਪਰ ਤੇਰੀ ਬਹੁਤੁ ਡੀਠਿ ॥ ਮਤੁ ਲਕਰੀ ਸੋਟਾ ਤੇਰੀ ਪਰੈ ਪੀਠਿ ॥ ੩॥ ਕਹਿ ਕਬੀਰ ਭੋਗ ਭਲੇ ਕੀਨ ॥ ਮਤਿ ਕੋਊ ਮਾਰੈ ਈਂਟ ਢੇਮ ॥੪॥੧॥ {ਪੰਨਾ 1196}

ਨੋਟ:- ਕਿਸੇ ਸਾਖੀ ਦੇ ਵਰਤਣ ਦੀ ਤਾਂ ਲੋੜ ਹੀ ਨਹੀਂ। ਕੁੱਤੇ ਦਾ ਸੁਭਾ ਹਰ ਕੋਈ ਜਾਣਦਾ ਹੈ; ਜਦੋਂ ਕਿਸੇ ਬੂਹੇ ਤੇ ਟੁਕੜੇ ਦੀ ਖ਼ਾਤਰ ਜਾਂਦਾ ਹੈ ਤਾਂ ਬੜਾ ਗਰੀਬੜਾ ਜਿਹਾ ਬਣ ਕੇ। ਪਰ ਜੇ ਕੋਈ ਘਰ ਸੁੰਞਾ ਮਿਲ ਜਾਏ, ਪਹਿਲਾਂ ਚੱਕੀ ਜਾ ਚੱਟਦਾ ਹੈ; ਉੱਥੋਂ ਤਸੱਲੀ ਨਾਹ ਹੋਵੇ, ਤਾਂ ਛਿੱਕੇ ਵਲ ਬੜੀ ਹਸਰਤ ਨਾਲ ਤੱਕਦਾ ਹੈ; ਜੋ ਕੁਝ ਘਰ ਵਿਚੋਂ ਖਾਣ ਨੂੰ ਮਿਲੇ, ਕੁਝ ਖਾਂਦਾ ਹੈ ਕੁਝ ਵਿਗਾੜਦਾ ਹੈ; ਚੱਕੀ ਚੱਟਣ ਪਿਛੋਂ ਜਾਂਦਾ ਹੋਇਆ ਥੋੜੇ ਜਿਹੇ ਲਾਲਚ ਪਿੱਛੇ ਪਰੋਲਾ ਭੀ ਲੈ ਭੱਜਦਾ ਹੈ।

ਇਹੀ ਹਾਲ ਲਾਲਚ ਨਾਲ ਹਲਕੇ ਹੋਏ ਮਨੁੱਖ ਦਾ ਹੈ; ਵੇਖਣ ਨੂੰ ਸੁਹਣੀ ਸ਼ਕਲ, ਸ਼ਰਫ਼ਿਾਂ ਵਾਲਾ ਪਹਿਰਾਵਾ, ਪਰ "ਦੁਆਰਹਿ ਦੁਆਰਿ ਸੁਆਨ ਜਿਉ ਡੋਲਤ"। ਆਪਣੀ ਕੀਤੀ ਕਮਾਈ ਤੇ ਸੰਤੋਖ ਨਹੀਂ ਬਣਦਾ, ਬਿਗਾਨਾ ਧਨ ਵੇਖ ਕੇ ਜੀ ਲਲਚਾਂਦਾ ਹੈ; ਨਿੱਤ ਜੋੜਨ ਦੀ ਤਾਂਘ, ਨਿੱਤ ਜੋੜਨ ਦੀ ਖਿੱਚ। ਆਪਣੇ ਘਰ ਸੌਖਾ ਭੀ ਹੋਵੇ ਤਾਂ ਭੀ ਆਪਣੇ ਤੋਂ ਅਮੀਰਾਂ ਨੂੰ ਵੇਖ ਕੇ ਮਨ ਵਿਚ ਸਾੜਾ। ਸਾਰੀ ਉਮਰ ਭੋਗਾਂ ਵਿਚ ਗੁਜ਼ਰਨੀ, ਕਈਆਂ ਨਾਲ ਬਖੇੜੇ, ਕਈਆਂ ਨਾਲ ਝਗੜੇ ਸਹੇੜਨੇ। ਤੇ ਭੋਗਾਂ ਦਾ ਅੰਤ? ਕਈ ਰੋਗ।

ਸੋ, ਮਨੁੱਖ ਨੂੰ ਕੁੱਤੇ ਨਾਲ ਉਪਮਾ ਦੇਂਦੇ ਹਨ, ਤੇ ਸਮਝਾਉਂਦੇ ਹਨ ਕਿ ਸੰਤੋਖ ਵਿਚ ਜੀਉ, ਨਹੀਂ ਤਾਂ ਇਸ ਲਾਲਚ ਦਾ ਅੰਤ ਖ਼ੁਆਰੀ ਹੁੰਦਾ ਹੈ।

ਪਦਅਰਥ:- ਸੁਰਹ—{Skt. suriB} ਗਾਂ। ਚਾਲ—ਤੋਰ। ਪੂੰਛਟ—ਪੂਛਲ। ਝਮਕ—ਚਮਕਦੇ। ਬਾਲ—ਵਾਲ।1।

ਇਸ ਘਰ ਮਹਿ ਹੈ—(ਭਾਵ,) ਜੋ ਕੁਝ ਤੈਨੂੰ ਆਪਣੀ ਕਮਾਈ ਵਿਚੋਂ ਮਿਲਦਾ ਹੈ।1। ਰਹਾਉ।

ਚੂਨੁ ਆਟਾ। ਚੀਥਰਾ—ਪਰੋਲਾ। ਕਹਾਂ—ਕਿੱਥੇ?।2।

ਪਰ—ਉੱਤੇ। ਡੀਠਿ—ਨਜ਼ਰ, ਨਿਗਾਹ। ਮਤੁ—ਮਤਾਂ। ਪੀਠਿ—ਲੱਕ ਉੱਤੇ।3।

ਭਲੇ—ਚੰਗੇ ਚੰਗੇ। ਕੀਨੁ—ਕੀਤੇ ਹਨ। ਮਤਿ—ਮਤਾਂ। ਕੋਊ...ਢੇਮ—ਕਿਤੇ ਖ਼ੁਆਰੀ ਹੋਵੇ।4।

ਅਰਥ:- (ਹੇ ਕੁੱਤੇ ਦੇ ਸੁਭਾਉ ਵਾਲੇ ਜੀਵ!) ਜੋ ਕੁਝ ਆਪਣੀ ਹੱਕ ਦੀ ਕਮਾਈ ਹੈ, ਉਸੇ ਨੂੰ ਨਿਸੰਗ ਹੋ ਕੇ ਵਰਤ। ਕਿਸੇ ਬਿਗਾਨੇ ਮਾਲ ਦੀ ਲਾਲਸਾ ਨਾਹ ਕਰਨੀ।1। ਰਹਾਉ।

ਰੁਖੀ ਸੁਖੀ ਖਾਇ ਕੈ ਠੰਢਾ ਪਾਣੀ ਪੀਉ ॥
ਫਰੀਦਾ ਦੇਖਿ ਪਰਾਈ ਚੋਪੜੀ ਨਾ ਤਰਸਾਏ ਜੀਉ ॥

(ਹੇ ਕੁੱਤੇ!) ਗਾਂ ਵਰਗੀ ਤੇਰੀ ਤੋਰ ਹੈ, ਤੇਰੀ ਪੂਛਲ ਉੱਤੇ ਵਾਲ ਭੀ ਸੁਹਣੇ ਚਮਕਦੇ ਹਨ (ਹੇ ਕੁੱਤਾ-ਸੁਭਾਉ ਜੀਵ! ਸ਼ਰਫ਼ਿਾਂ ਵਰਗੀ ਤੇਰੀ ਸ਼ਕਲ ਤੇ ਪਹਿਰਾਵਾ ਹੈ)।1।

(ਹੇ ਕੁੱਤੇ!) ਤੂੰ ਚੱਕੀ ਚੱਟਦਾ ਹੈਂ, ਤੇ ਆਟਾ ਖਾਂਦਾ ਹੈਂ, ਪਰ (ਜਾਂਦਾ ਹੋਇਆ) ਪਰੋਲਾ ਕਿੱਥੇ ਲੈ ਜਾਇੰਗਾ? (ਹੇ ਜੀਵ! ਜਿਹੜੀ ਮਾਇਆ ਰੋਜ਼ ਵਰਤਦਾ ਹੈਂ ਇਹ ਤਾਂ ਭਲਾ ਵਰਤੀ; ਪਰ ਜੋੜ ਜੋੜ ਕੇ ਆਖ਼ਰ ਨਾਲ ਕੀਹ ਲੈ ਜਾਇੰਗਾ?)।2।

(ਹੇ ਸੁਆਨ!) ਤੂੰ ਛਿੱਕੇ ਵਲ ਬੜਾ ਤੱਕ ਰਿਹਾ ਹੈਂ, ਵੇਖੀਂ, ਕਿਤੇ ਲੱਕ ਉੱਤੇ ਕਿਤੋਂ ਸੋਟਾ ਨਾਹ ਵੱਜੇ। (ਜੇ ਜੀਵ! ਬਿਗਾਨੇ ਘਰਾਂ ਵਲ ਤੱਕਦਾ ਹੈਂ; ਇਸ ਵਿਚੋਂ ਉਪਾਧੀ ਹੀ ਨਿਕਲੇਗੀ)।3।

ਕਬੀਰ ਆਖਦਾ ਹੈ—(ਹੇ ਸੁਆਨ!) ਤੂੰ ਬਥੇਰਾ ਕੁਝ ਖਾਧਾ ਉਜਾੜਿਆ ਹੈ, ਪਰ ਧਿਆਨ ਰੱਖੀਂ ਕਿਤੇ ਕੋਈ ਇੱਟ ਢੇਮ ਤੇਰੇ ਸਿਰ ਉੱਤੇ ਨਾਹ ਮਾਰ ਦੇਵੇ। (ਹੇ ਜੀਵ! ਤੂੰ ਜੁ ਇਹ ਭੋਗ ਭੋਗਣ ਵਿਚ ਹੀ ਰੁੱਝਾ ਪਿਆ ਹੈਂ, ਇਹਨਾਂ ਦਾ ਅੰਤ ਖ਼ੁਆਰੀ ਹੀ ਹੁੰਦਾ ਹੈ)।4।1।

ਸ਼ਬਦ ਦਾ ਭਾਵ:- ਸੰਤੋਖ-ਹੀਨਤਾ ਖ਼ੁਆਰ ਕਰਦੀ ਹੈ।